# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)।
3. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।
4. ਸਮੂਹ ਡੀ.ਆਰ.ਪੀ.(ਟੈਕਸਟ ਬੁੱਕ)।
5. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2011/ 80260-340
ਮਿਤੀ,ਚੰਡੀਗੜ੍ਹ 02-08-2011

ਵਿਸ਼ਾ :- ਮਹੀਨਾਵਾਰ ਸਿਲੇਬਸ ਦੀ ਹਾਰਡ ਕਾਪੀ ਬਾਰੇ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਹੈੱਡ ਆਫ਼ਿਸ ਵੱਲੋਂ ਕੀਤੀ ਛੇਵੀਂ ਤੋਂ ਦਸਵੀਂ ਜਮਾਤਾਂ ਤੱਕ ਦੇ ਛੇ ਵਿਸ਼ਿਆਂ (ਗਣਿਤ, ਸਾਇੰਸ, ਸਮਾਜਿਕ ਸਿੱਖਿਆ, ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ) ਦੇ ਸਿਲੇਬਸ ਦੀ ਵੰਡ ਐਸ.ਐਸ.ਏ.ਦੀ ਵੈੱਬ-ਸਾਈਟ ਤੇ ਪਾਈ ਹੋਈ ਹੈ। ਪਰ ਅਧਿਆਪਕਾਂ ਦੀ ਸਹੂਲਤ ਵਾਸਤੇ ਇਸ ਦੀ ਹਾਰਡ ਕਾਪੀਆਂ ਵੀ ਤਿਆਰ ਕੀਤੀਆਂ ਗਈਆਂ ਹਨ ਜੋ ਕਿ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਦੇ ਦਫ਼ਤਰ ਵਿੱਚ ਪਹੁੰਚ ਚੁੱਕੀਆਂ ਹਨ ਜਿਸ ਦੀ ਇੱਕ ਕਾਪੀ ਪ੍ਰਤੀ ਅੱਪਰ ਪ੍ਰਾਇਮਰੀ ਸਕੂਲ ਦਿੱਤੀ ਜਾਣੀ ਹੈ ਅਤੇ ਇਸ ਦੀ ਬਕਾਇਦਾ ਸਟਾਕ ਐਂਟਰੀ ਵੀ ਕੀਤੀ ਜਾਵੇ।

3.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਨੂੰ ਲਿਖਿਆ ਜਾਂਦਾ ਹੈ ਕਿ ਸਕੂਲ ਮੁੱਖੀਆਂ ਨੂੰ ਹਦਾਇਤ ਕਰਨ ਕਿ ਮਹੀਨਾਵਾਰ ਸਿਲੇਬਸ ਦੀ ਪੁਸਤਿਕਾ ਪ੍ਰਾਪਤ ਨਾ ਹੋਣ ਦੀ ਸੂਰਤ ਵਿੱਚ ਆਪਣੇ ਸਬੰਧਤ ਬੀ.ਆਰ.ਪੀ.ਨਾਲ ਸੰਪਰਕ ਕੀਤਾ ਜਾਵੇ ਅਤੇ ਪ੍ਰਾਪਤ ਕਾਪੀ ਦੀ ਸਟਾਕ ਐਂਟਰੀ ਕੀਤੀ ਜਾਵੇ ਅਤੇ ਇਸ ਨੂੰ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਹੂਲਤ ਲਈ ਲਾਇਬ੍ਰੇਰੀ ਵਿੱਚ ਰੱਖਿਆ ਜਾਵੇ।

4.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ